ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ 19

ਵਿੱਤ ਮੰਤਰੀ ਨੇ ਦੋ ਦਿਨਾਂ ਚ ਹੀ ਵਾਇਦਾ ਨਿਭਾਇਆ, 50 ਸੁਰੱਖਿਆ ਕਿੱਟਾਂ ਸਿਵਲ ਹਸਪਤਾਲ ਵਿਚ ਮੁਹਈਆਂ ਕਰਵਾਈਆਂ

3 ਦਿਨ ਵਿਚ ਮਿਲਣਗੀਆਂ 200 ਹੋਰ ਪੀਪੀਈ ਕਿੱਟਾਂ

ਕਿਹਾ ਡਾਕਟਰੀ ਸਾਜੋ ਸਮਾਨ ਦੀ ਨਹੀਂ ਰਹਿਣ ਦਿੱਤੀ ਜਾਵੇਗੀ ਕਮੀ

ਬੰਠਿਡਾ, 8 ਅਪ੍ਰੈਲ, ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਸੋਮਵਾਰ ਨੂੰ ਡਾਕਟਰੀ ਅਮਲੇ ਨੂੰ ਇਕ ਹਫਤੇ ਵਿਚ ਪੀਪੀਈ ਕਿੱਟਾਂ ਮੁਹਈਆ ਕਰਵਾਉਣ ਦਾ ਕੀਤਾ ਵਾਇਦਾ ਸਿਰਫ 48 ਘੰਟਿਆਂ ਵਿਚ ਵੀ ਨਿਭਾਅ ਦਿੱਤਾ ਅਤੇ ਅੱਜ ਇੰਡੀਅਨ ਮੈਡੀਕਲ ਐਸੋਸੀਏਸ਼ਨ ਅਤੇ ਖਾਲਸਾ ਏਡ ਦੀ ਮਦਦ ਨਾਲ 50 ਪੀਪੀਈ ਕਿੱਟਾਂ ਸਿਵਲ ਹਸਪਤਾਲ ਬਠਿੰਡਾਂ ਨੂੰ ਉਪਲਬੱਧ ਕਰਵਾ ਦਿੱਤੀਆਂ। ਜਦ ਕਿ 200 ਹੋਰ ਕਿੱਟਾਂ ਦੀ ਸਪਲਾਈ ਸਿਵਲ ਹਸਪਤਾਲ ਵਿਚ ਹੋਰ ਆਉਣ ਵਾਲੇ ਤਿੰਨ ਦਿਨਾਂ ਵਿਚ ਕਰ ਦਿੱਤੀ ਜਾਵੇਗੀ।

ਇਸ ਮੌਕੇ ਸ: ਮਨਪ੍ਰੀਤ ਸਿੰਘ ਬਾਦਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਸਮੇਂ ਸਰਕਾਰ ਦੀ ਪ੍ਰਾਥਮਿਕਤਾ ਸਾਡੇ ਡਾਕਟਰੀ ਅਮਲੇ ਦੀ ਸੁਰੱਖਿਆ ਹੈ ਅਤੇ ਕਰੋਨਾ ਖਿਲਾਫ ਮੁਹਰਲੀਆਂ ਸਫਾਂ ਵਿਚ ਲੜ ਰਹੀ ਇਸ ਫੌਜ ਨੂੰ ਸੁਰੱਖਿਆ ਸਮਾਨ ਅਤੇ ਹੋਰ ਸਾਜੋ ਸਮਾਨ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਨੇ ਦੱਸਿਆ ਕਿ ਸਿਵਲ ਹਸਪਤਾਲ ਵਿਚ ਪਹਿਲਾਂ ਵੀ ਲੋੜ ਅਨੁਸਾਰ 200 ਤੋਂ ਜਿਆਦਾ ਪੀਪੀਈ ਕਿੱਟਾਂ ਦਾ ਸਟਾਕ ਮੌਜੂਦ ਸੀ, ਪਰ ਡਾਕਟਰੀ ਅਮਲੇ ਦੀ ਮੰਗ ਅਨੁਸਾਰ ਇਹ ਹੋਰ ਕਿੱਟਾਂ ਮੁਹਈਆਂ ਕਰਵਾਈਆਂ ਗਈਆਂ ਹਨ। ਉਨਾਂ ਨੇ ਇਹ ਕਿੱਟਾਂ ਮੁਹਈਆ ਕਰਵਾਉਣ ਲਈ ਇੰਡੀਅਨ ਮੈਡੀਕਲ ਐਸੋਸੀਏਸ਼ਨ ਦਾ ਵਿਸੇਸ਼ ਤੌਰ ਤੇ ਧੰਨਵਾਦ ਕੀਤਾ।

ਇਸ ਮੌਕੇ ਖਜਾਨਾ ਮੰਤਰੀ ਨੇ ਕਿਹਾ ਕਿ ਹੁਣ ਰਾਸ਼ਨ, ਦੁੱਧ, ਫਲ ਸਬਜੀਆਂ, ਦਵਾਈਆਂ ਆਦਿ ਦੀ ਸਪਲਾਈ ਸੁਥਰੇ ਤਰੀਕੇ ਨਾਲ ਚੱਲ ਰਹੀ ਹੈ। ਉਨਾਂ ਨੇ ਕਿਹਾ ਕਿ ਸਰਕਾਰ ਵੱਲੋਂ ਸਾਰੀ ਸਥਿਤੀ ਤੇ ਨੇੜਿਓ ਨਿਗਾ ਰੱਖੀ ਜਾ ਰਹੀ ਹੈ ਅਤੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਖੁਦ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਉਨਾਂ ਨੇ ਕਿਹਾ ਕਿ ਸਰਕਾਰ ਦੀ ਮੁਕੰਮਲ ਤਿਆਰੀ ਹੈ ਕਿ ਇਸ ਬਿਮਾਰੀ ਨੂੰ ਇਸੇ ਪੜਾਅ ਤੇ ਰੋਕ ਲਿਆ ਜਾਵੇ।

ਇਸ ਮੌਕੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਡਾ: ਨਵਜੋਤ ਸਿੰਘ ਦਹੀਆ ਨੇ ਕਿਹਾ ਕਿ ਆਈ.ਐਮ.ਏ. ਸਰਕਾਰ ਨਾਲ ਹਰ ਪ੍ਰਕਾਰ ਦਾ ਸਹਿਯੋਗ ਕਰ ਰਹੀ ਹੈ। ਉਨਾਂ ਨੇ ਕਿਹਾ ਕਿ ਅੱਜ ਭੇਂਟ ਕੀਤੀਆਂ ਕਿੱਟਾਂ ਦੇਣ ਵਿਚ ਖਾਲਸਾ ਏਡ ਸੰਸਥਾ ਨੇ ਸਹਿਯੋਗ ਕੀਤਾ ਹੈ। ਉਨਾਂ ਨੇ ਕਿਹਾ ਕਿ ਆਈ.ਐਮ.ਏ. ਹਰ ਪ੍ਰਕਾਰ ਨਾਲ ਇਸ ਬਿਮਾਰੀ ਦੇ ਟਾਕਰੇ ਵਿਚ ਸਿਹਤ ਵਿਭਾਗ ਨਾਲ ਮਿਲ ਕੇ ਕੰਮ ਕਰ ਰਿਹਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀ ਬੀ ਸ਼੍ਰੀ ਨਿਵਾਸਨ, ਐਸ.ਐਸ.ਪੀ. ਡਾ: ਨਾਨਕ ਸਿੰਘ, ਸਿਵਲ ਸਰਜਨ ਡਾ: ਅਮਰੀਕ ਸਿੰਘ, ਡਾ: ਕੁਦੰਨ ਕੁਮਾਰ ਪਾਲ, ਸ਼੍ਰੀ ਕੇ.ਕੇ ਅਗਰਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ, ਖਾਲਸਾ ਏਡ ਤੋਂ ਜਸਪ੍ਰੀਤ ਸਿੰਘ ਦਹੀਆ, ਡਾ: ਵਿਕਾਸ ਛਾਬੜਾ ਆਈਐਮਏ ਬਠਿੰਡਾ ਪ੍ਰਧਾਨ, ਸ਼੍ਰੀ ਅਰੁਣ ਵਧਾਵਨ, ਸ਼੍ਰੀ ਜਗਰੂਪ ਸਿੰਘ ਗਿੱਲ, ਸ਼੍ਰੀ ਅਸੋਕ ਪ੍ਰਧਾਨ, ਸ਼੍ਰੀ ਪਵਨ ਮਾਨੀ, ਸ਼੍ਰੀ ਰਾਜਨ ਗਰਗ, ਸ਼੍ਰੀ ਬਲਜਿੰਦਰ ਠੇਕੇਦਾਰ, ਸ਼੍ਰੀ ਅਨਿਲ ਭੋਲਾ, ਸ਼੍ਰੀ ਮੋਹਨ ਲਾਲ ਝੂੰਬਾ, ਸ਼੍ਰੀ ਟਹਿਲ ਸਿੰਘ ਸੰਧੂ ਆਦਿ ਵੀ ਹਾਜਰ ਸਨ।

ਬਾਕਸ ਲਈ ਪ੍ਰਸਤਾਵਿਤ

ਸਾਵਧਾਨੀ ਨਾਲ ਹੀ ਬਚਾਓ ਸੰਭਵ

ਇਸ ਮੌਕੇ ਵਿੱਤ ਮੰਤਰੀ ਸ: ਬਾਦਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦਾ ਸਖ਼ਤੀ ਨਾਲ ਪਾਲਣ ਕਰਨ। ਉਨਾਂ ਨੇ ਅਪੀਲ ਕੀਤੀ ਕਿ ਲੋਕ ਘਰਾਂ ਵਿਚ ਰਹਿਣ, ਸਮੇਂ ਸਮੇਂ ਤੇ ਹੱਥ ਧੋਣ, ਇਕ ਦੂਜੇ ਤੋਂ ਦੂਰੀ ਬਣਾ ਕੇ ਰੱਖਣ ਅਤੇ ਆਪਣੀ ਸਿਹਤ ਦਾ ਖਿਆਲ ਰੱਖਣ। ਕਿਤੇ ਵੀ ਭੀੜ ਨਾ ਕੀਤੀ ਜਾਵੇ ਅਤੇ ਸਿਹਤ ਵਿਭਾਗ ਦੀਆਂ ਸਲਾਹਾਂ ਤੇ ਅਮਲ ਕੀਤਾ ਜਾਵੇ।

ਬਾਕਸ ਲਈ ਪ੍ਰਸਤਾਵਿਤ

ਕਣਕ ਖਰੀਦ ਵਿਚ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ

ਇਸ ਮੌਕੇ ਪੱਤਰਕਾਰਾਂ ਵੱਲੋਂ ਪੁੱਛੇ ਜਾਣ ਤੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਆਖਿਆ ਕਿ ਕਿਸਾਨਾਂ ਦੀ ਕਣਕ ਦਾ ਦਾਣਾ ਦਾਣਾ ਖਰੀਦ ਕੀਤੀ ਜਾਵੇਗਾ। ਉਨਾਂ ਨੇ ਕਿਹਾ ਕਿ ਕਿਸਾਨਾਂ ਤੋਂ ਕਣਕ ਦੀ ਖਰੀਦ ਦਾ ਨਵਾਂ ਢਾਂਚਾ ਤਿਆਰ ਹੈ ਅਤੇ ਕਿਸਾਨਾਂ ਨੂੰ ਕਣਕ ਵੇਚਣ ਵਿਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਨੇ ਕਿਹਾ ਕਿ ਇਸ ਸਬੰਧੀ ਮੰਡੀ ਬੋਰਡ ਅਤੇ ਸਰਕਾਰੀ ਖਰੀਦ ਏਜੰਸੀਆਂ ਨੂੰ ਸਾਰੇ ਲੋੜੀਂਦੇ ਇੰਤਜਾਮ ਕਰਨ ਦੀਆਂ ਹਦਾਇਤਾਂ ਦਿੱਤੀਆਂ ਜਾ ਚੁੱਕੀਆਂ ਹਨ।

## MANPREET BADAL KEEPS HIS WORDS; 50 PPE KITS PROVIDED IN JUST 48 HOURS

## CIVIL HOSPITAL, BATHINDA TO GET 200 MORE KITS IN NEXT 3 DAYS, SAYS FINANCE MINISTER

Chandigarh/Bathinda, April 8

Keeping his words to providing Personal Protection Equipment (PPE) kits to the medical staff, Punjab Finance Minister Mr. Manpreet Singh Badal on Wednesday handed over 50 PPE kits to Civil Hospital, Bathinda. Notably, Mr. Badal on Monday had promised to provide PPE kits within a week but he made it available in just 48 hours. However, he also assured that 200 more kits will be supplied to the civil hospital in next three days.

Stressing on providing every necessary safety gears to the medics fighting against COVID-19, Mr. Manpreet Singh Badal said that Punjab Government was fully committed to extend every possible help to the front line warriors battling against this deadly pandemic.

Thanking the Indian Medical Association for providing these kits, the Finance Minister said that a stock of more than 200 PPE kits was already available in the civil hospital, but these kits were being provided as per the demand of the medical staff.

He said that the supply of essential commodities such as ration, milk, fruits, vegetables, medicines was going smoothly in the state and Punjab Chief Minister Captain Amarinder Singh personally overseeing the relief works and situation.

President of the Indian Medical Association (IMO) Dr. Navjot Singh Dahiya said that the IMO is continuously working with the state government in this difficult time and these PPE kits have been provided with the help of the Khalsa Aid.

BOX

## ALL SET FOR SMOOTH PROCUREMENT OF WHEAT: FINANCE MINISTER

Responding to a question on wheat procurement arrangements in the state, Finance Minister said that all the arrangements have been made for smooth procurement and the state government would purchase every grain of the wheat. He said that Punjab government is fully geared up for the wheat procurement season starting from April 15 and Punjab Mandi Board and Government Procurement Agencies

have already been instructed to make all necessary arrangements in this regard well in time, he added.



ਬਠਿੰਡਾ ਵਿਖੇ ਵਿੱਤ ਮੰਤਰੀ ਸ. ਮਨਪ੍ਰੀਤ ਸਿੰਘ ਬਾਦਲ ਡਾਕਟਰੀ ਅਮਲੇ ਨੂੰ ਪੀ.ਪੀ.ਈ. ਕਿੱਟਾਂ ਮੁਹੱਈਆ ਕਰਵਾਉਂਦੇ ਹੋਏ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕਣਕ ਖਰੀਦ ਪ੍ਰਬੰਧਾਂ ਦੀ ਡਿਪਟੀ ਕਮਿਸ਼ਨਰ ਨੇ ਕੀਤੀ ਸਮੀਖਿਆ

### ਜ਼ਿਲੇ ਵਿਚ ਕਣਕ ਖਰੀਦ ਕੇਂਦਰਾਂ ਦੀ ਗਿਣਤੀ ਦੁੱਗਣੀ ਕੀਤੀ ਜਾਵੇਗੀ

ਬੰਠਿਡਾ, 8 ਅਪ੍ਰੈਲ, ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ ਆਈ.ਏ.ਐਸ. ਨੇ ਅੱਜ ਕਣਕ ਖਰੀਦ ਨਾਲ ਜੁੜੇ ਵਿਭਾਗਾਂ ਨਾਲ ਬੈਠਕ ਕਰਕੇ ਕੀਤੇ ਜਾ ਰਹੇ ਕਣਕ ਖਰੀਦ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨਾਂ ਨੇ ਦੱਸਿਆ ਕਿ ਜ਼ਿਲੇ ਵਿਚ ਔਸਤਨ 10 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾਂਦੀ ਹੈ ਅਤੇ ਇਸ ਸਾਲ ਵੀ ਕਿਸਾਨਾਂ ਦੀ ਫਸਲ ਦਾ ਦਾਣਾ ਦਾਣਾ ਖਰੀਦਣ ਲਈ ਸਾਰੇ ਢੁਕਵੇਂ ਇੰਤਜਾਮ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੱਛਲੇ ਸਾਲਾਂ ਦੌਰਾਨ ਜ਼ਿਲੇ ਵਿਚ 185 ਖਰੀਦ ਕੇਂਦਰ ਸਥਾਪਿਤ ਕੀਤੇ ਜਾਂਦੇ ਸਨ ਪਰ ਇਸ ਸਾਲ ਇੰਨਾਂ ਦੀ ਗਿਣਤੀ 400 ਤੱਕ ਵਧਾਏ ਜਾਣ ਦੀ ਯੋਜਨਾ ਹੈ ਤਾਂ ਜੋ ਖਰੀਦ ਕੇਂਦਰਾਂ ਤੇ ਕਿਸਾਨਾਂ ਦੀ ਭੀੜ ਨਾ ਹੋਵੇ ਅਤੇ ਲੋਕਾਂ ਦੀ ਸਮਾਜਿਕ ਦੂਰੀ ਬਣੀ ਰਹੇ।

ਇਸ ਮੌਕੇ ਜ਼ਿਲੇ ਮੰਡੀ ਅਫ਼ਸਰ ਸ: ਪ੍ਰੀਤ ਕੰਵਰ ਸਿੰਘ ਬਰਾੜ ਨੇ ਦੱਸਿਆ ਕਿ ਖਰੀਦ ਕੇਂਦਰਾਂ ਵਿਚ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ ਅਤੇ 14 ਅਪ੍ਰੈਲ ਤੱਕ ਇਹ ਕੰਮ ਮੁਕੰਮਲ ਕਰ ਲਿਆ ਜਾਵੇਗਾ। ਇਸੇ ਤਰਾਂ ਮੰਡੀਆਂ ਵਿਚ ਪਾਣੀ ਅਤੇ ਰੌਸ਼ਨੀ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨਾਂ ਨੇ ਦੱਸਿਆ ਕਿ ਮੰਡੀ ਦੇ ਫੜਾਂ ਤੇ ਨਿਸ਼ਾਨ ਲਗਾਏ ਜਾ ਰਹੇ ਹਨ ਤਾਂ ਜੋ ਕਿਸਾਨਾਂ, ਮਜਦੂਰਾਂ, ਆੜਤੀਆਂ ਅਤੇ ਖਰੀਦ ਅਮਲੇ ਵਿਚ ਆਪਸੀ ਸਮਾਜਿਕ ਦੂਰੀ ਬਣਾਈ ਰੱਖਣੀ ਯਕੀਨੀ ਬਣਾਈ ਜਾ ਸਕੇ।

ਜ਼ਿਲਾਂ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਨੇ ਦੱਸਿਆ ਕਿ ਸਾਰੀਆਂ ਖਰੀਦ ਏਜੰਸੀਆਂ ਖਰੀਦ ਲਈ ਤਿਆਰ ਹਨ ਅਤੇ ਇਸ ਸਬੰਧੀ ਸਾਰੇ ਇੰਤਜਾਮ ਕੀਤੇ ਜਾ ਰਹੇ ਹਨ। ਉਨਾਂ ਨੇ ਦੱਸਿਆ ਕਿ ਕਿਸਾਨ ਕਿਸੇ ਘਬਰਾਹਟ ਵਿਚ ਨਾ ਆਉਣ ਅਤੇ ਹਰ ਕਿਸਾਨ ਦੀ ਸਾਰੀ ਫਸਲ ਖਰੀਦ ਕੀਤੀ ਜਾਵੇਗੀ ਅਤੇ ਮੰਡੀਆਂ ਵਿਚ ਸਮਾਜਿਕ ਦੂਰੀ ਵੀ ਬਣਾ ਕੇ ਰੱਖੀ ਜਾਵੇਗੀ। ਮਾਰਕਫੈਡ ਦੇ ਜ਼ਿਲਾ ਮੈਨੇਜਰ ਸ: ਐਚ.ਐਸ. ਧਾਲੀਵਾਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਫਸਲ ਦੀ ਕਟਾਈ ਉਦੋਂ ਹੀ ਕਰਨ ਜਦ ਕਣਕ ਦੀ ਫਸਲ ਪੂਰੀ ਤਰਾਂ ਪੱਕ ਜਾਵੇ। ਉਨਾਂ ਨੇ ਕਿਹਾ ਕਿ ਕਿਸਾਨ ਮਾਰਕਿਟ ਕਮੇਟੀ ਦੀਆਂ ਹਦਾਇਤਾਂ ਅਨੁਸਾਰ ਹੀ ਫਸਲ ਮੰਡੀ ਵਿਚ ਲੈਕੇ ਆਵੇ।



ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ੍ਰੀਨਿਵਾਸਨ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕਾਰਗਿਲ ਇੰਡੀਆ ਲਿਮ ਨੇ ਸੁੱਕੇ ਰਾਸ਼ਨ ਦੇ 1000 ਪੈਕਟ ਪ੍ਰਸ਼ਾਸਨ ਨੂੰ ਦਿੱਤੇ

### ਐਸਡੀਐਮ ਬਠਿੰਡਾ ਨੇ ਕੰਪਨੀ ਦਾ ਕੀਤਾ ਧੰਨਵਾਦ

ਬੰਠਿਡਾ, 8 ਅਪ੍ਰੈਲ

ਕਰੋਨਾ ਵਾਇਰਸ ਕਾਰਨ ਪੈਦਾ ਹੋਏ ਸੰਕਟ ਵਿਚ ਹਰ ਕੋਈ ਲੋੜਵੰਦ ਲੋਕਾਂ ਦੀ ਮਦਦ ਲਈ ਅੱਗੇ ਆ ਰਿਹਾ ਹੈ ਅਤੇ ਮਨੁੱਖਤਾ ਪ੍ਰਤੀ ਆਪਣੇ ਫਰਜ ਨਿਭਾਅ ਰਿਹਾ ਹੈ। ਇਸੇ ਲੜੀ ਵਿਚ ਕਾਰਗਿਲ ਇੰਡੀਆਂ ਪ੍ਰਾਈਵੇਟ ਲਿਮ: ਵੱਲੋਂ ਜ਼ਿਲਾ ਪ੍ਰਸ਼ਾਸਨ ਨੂੰ ਸੁੱਕੇ ਰਾਸ਼ਨ ਦੇ 1000 ਪੈਕਟ ਅੱਜ ਦਿੱਤੇ ਗਏ। ਇਹ ਪੈਕਟ ਐਸ.ਡੀ.ਐਮ. ਸ: ਅਮਰਿੰਦਰ ਸਿੰਘ ਟਿਵਾਣਾ ਨੇ ਪ੍ਰਾਪਤ ਕੀਤੇ। ਉਨਾਂ ਨੇ ਿਇਸ ਮੌਕੇ ਕੰਪਨੀ ਪ੍ਰਬੰਧਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਜਰੂਰਤ ਦੀ ਘੜੀ ਵਿਚ ਸਾਨੂੰ ਸਭ ਨੂੰ ਇਕ ਹੋਕੇ ਕੰਮ ਕਰਨ ਦੀ ਜਰੂਰਤ ਹੈ। ਉਨਾਂ ਨੇ ਕਿਹਾ ਕਿ ਸਾਡੇ ਉਦਯੋਗਿਕ ਅਦਾਰੇ ਹਮੇਸਾ ਹੀ ਪ੍ਰਸ਼ਾਸਨ ਨਾਲ ਸਹਿਯੋਗ ਕਰਦੇ ਰਹਿੰਦੇ ਹਨ। ਉਨਾਂ ਨੇ ਦੱਸਿਆ ਕਿ ਇਹ ਰਾਸ਼ਨ ਬਠਿੰਡਾ ਉਪਮੰਡਲ ਦੇ ਦਿਹਾਤੀ ਖੇਤਰਾਂ ਦੇ ਲੋੜਵੰਦ ਲੋਕਾਂ ਨੂੰ ਦਿੱਤਾ ਜਾਵੇਗਾ।

ਇਸ ਮੌਕੇ ਤਹਿਸੀਲਦਾਰ ਸ: ਸੁਖਬੀਰ ਸਿੰਘ ਬਰਾੜ ਨੇ ਦੱਸਿਆ ਕਿ ਕੰਪਨੀ ਵੱਲੋਂ ਦਿੱਤੇ ਹਰੇਕ ਪੈਕੇਟ ਵਿਚ 5 ਕਿਲੋ ਆਟਾ, ਦੋ ਕਿਲੋ ਦਾਲ, 2 ਕਿਲੋ ਚਾਵਲ, 1 ਲੀਟਰ ਰਿਫਾਇੰਡ, 250 ਮਸਾਲੇ, 1 ਕਿਲੋ ਨਮਕ ਆਦਿ ਸਮਾਨ ਸਾਮਿਲ ਹੈ। ਉਨਾਂ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਲੋੜਵੰਦ ਭੋਜਨ ਤੋਂ ਵਾਂਝਾ ਨਾ ਰਹੇ।




ਕਾਰਗਿੱਲ ਇੰਡੀਆ ਲਿਮ. ਸੁੱਕੇ ਰਾਸ਼ਨ ਦੇ 1000 ਪੈਕਟ ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਂਟ ਕਰਦੇ ਹੋਏ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ**

**ਕੋਵਿਡ 19**

**ਕਰੋਨਾ ਵਾਇਰਸ ਖਿਲਾਫ਼ ਜੰਗ ਵਿੱਚ ਸੇਵਾ ਕਰ ਰਹੇ ਵਿਅਕਤੀਆਂ ਨੂੰ ਵਧੇਰੇ ਸੁਚੇਤ ਰਹਿਣ ਦੀ ਲੋੜ-ਡਾ. ਨਾਨਕ ਸਿੰਘ**

**ਹਰੇਕ ਵਿਅਕਤੀ ਆਪਣੇ ਕੋਲ ਰੱਖੇ ਛੋਟੀ ਡਾਇਰੀ ਰੱਖਣੀ ਬਣਾਵੇ ਯਕੀਨੀ**

**ਰੋਜ਼ਾਨ ਮਿਲਣ ਵਾਲਿਆਂ ਦਾ ਕੀਤਾ ਜਾਵੇ ਨਾਮ ਤੇ ਪਤਾ ਦਰਜ਼**

ਬਠਿੰਡਾ, 8 ਅਪ੍ਰੈਲ : ਵਿਸ਼ਵ ਭਰ ਵਿੱਚ ਫੈਲ ਚੁੱਕੀ ਇਸ ਭਿਆਨਕ ਬਿਮਾਰੀ ਨੂੰ ਕੰਟਰੋਲ ਕਰਨ ਦੇ ਲਈ ਸੂਬਾ ਸਰਕਾਰ ਵਲੋਂ ਦਿੱਤੀਆਂ ਗਈਆਂ ਹਦਾਇਤਾਂ 'ਤੇ ਚਲਦਿਆਂ ਜ਼ਿਲਾ ਪ੍ਰਸ਼ਾਸਨ ਤੇ ਵਲੋਂ ਦਿਨ-ਰਾਤ ਇੱਕ ਕਰਕੇ ਆਪਣੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਜ਼ਿਲੇ ਭਰ ਵਿੱਚ ਇਸ ਵਾਇਰਸ ਨਾਲ ਨਜਿੱਠਣ ਲਈ ਜ਼ਿਲਾ ਪੁਲਿਸ ਵਲੋਂ ਵੀ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਈਆਂ ਜਾ ਰਹੀਆਂ। ਇਹ ਜਾਣਕਾਰੀ ਜ਼ਿਲਾ ਪੁਲਿਸ ਮੁਖੀ ਡਾ. ਨਾਨਕ ਸਿੰਘ ਨੇ ਸਾਂਝੀ ਕੀਤੀ। ਜ਼ਿਲਾ ਪੁਲਿਸ ਮੁਖੀ ਡਾ. ਨਾਨਕ ਸਿੰਘ ਨੇ ਜ਼ਿਲਾ ਵਾਸੀਆਂ ਨੂੰ ਇੱਕ ਖ਼ਾਸ ਅਪੀਲ ਕਰਦਿਆਂ ਕਿਹਾ ਕਿ ਆਪਣੇ ਘਰਾਂ ਜਾਂ ਸੰਸਥਾਵਾਂ ਦੇ ਸੀ.ਸੀ.ਟੀ.ਵੀ. ਹਮੇਸ਼ਾ ਚਾਲੂ ਕਰਕੇ ਰੱਖੋ। ਇਸ ਦੇ ਨਾਲ ਹੀ ਉਨਾਂ ਇਹ ਵੀ ਅਪੀਲ ਕਰਦਿਆਂ ਕਿਹਾ ਕਿ ਇੱਕ ਛੋਟੀ ਜਿਹੀ ਡਾਇਰੀ ਹਮੇਸ਼ਾ ਆਪਣੇ ਕੋਲ ਰੱਖੋ ਤੇ ਰੋਜ਼ਾਨਾ ਜਿਹੜੇ-ਜਿਹੜੇ ਵਿਅਕਤੀਆਂ ਦੇ ਸੰਪਰਕ ਵਿਚ ਆਵੇ, ਇੱਕ ਪੰਨੇ ਤੇ ਮਿਤੀ ਸਮੇਤ ਨਾਮ ਲਿਖਿਆ ਜਾਵੇ। ਇਸ ਤਰਾਂ ਕਰਨ ਨਾਲ ਜੋ ਵੀ ਕੋਈ ਕਰੋਨਾ ਵਾਇਰਸ ਪ੍ਰਭਾਵਿਤ ਹੁੰਦਾ ਹੈ ਤਾਂ ਪ੍ਰਸ਼ਾਸਨ ਨੂੰ ਸੰਪਰਕ ਵਿਚ ਆਉਣ ਵਾਲੇ ਸਾਰੇ ਵਿਅਕਤੀਆਂ ਦਾ ਪਤਾ ਲਗਾਉਣ ਵਿੱਚ ਸਹਾਇਤਾ ਮਿਲ ਸਕੇ।

ਡਾ. ਨਾਨਕ ਸਿੰਘ ਨੇ ਕਿਹਾ ਕਿ ਜੋ ਵੀ ਕਰਮਚਾਰੀ ਇਸ ਜੰਗ ਵਿਚ ਆਪਣਾ ਯੋਗਦਾਨ ਪਾ ਰਹੇ ਹਨ ਉਨਾਂ ਸਾਰਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਕਰਮਚਾਰੀ ਜ਼ਿਆਦਾ ਸੁਚੇਤ ਰਹਿਣ ਅਤੇ ਵਾਰ-ਵਾਰ ਆਪਣੇ ਹੱਥ ਸਾਬਣ ਜਾਂ ਸੈਨੀਟਾਈਜ਼ਰ ਨਾਲ ਚੰਗੀ ਤਰਾਂ ਧੋਣ। ਉਨਾਂ ਕਿਹਾ ਕਿ ਘਰ ਵਿੱਚ ਦਾਖ਼ਲ ਹੋਣ ਸਮੇਂ ਸਿੱਧਾ ਆਪਣੇ ਪਰਿਵਾਰ ਵਿੱਚ ਨਾ ਜਾਇਆ ਜਾਵੇ ਬੜੇ ਸੁਚੇਤ ਹੋ ਕੇ ਬਿਨਾਂ ਕਿਸੇ ਵਸਤੂ ਨੂੰ ਛੂਹੇ ਬਿਨਾਂ ਨਹਾਉਣਾ, ਕਪੜੇ ਬਦਲਣਾ ਤੇ ਉਤਾਰੇ ਹੋਏ ਕਪੜਿਆਂ ਨੂੰ ਗਰਮ ਪਾਣੀ ਨਾਲ ਧੋਣਾ, ਵਰਗੀਆਂ ਸਾਵਧਾਨੀਆਂ ਅਮਲ ਵਿੱਚ ਲਿਆਉਣੀਆਂ ਚਾਹੀਦੀਆਂ ਹਨ।

ਇਸ ਤੋਂ ਇਲਾਵਾ ਉਨਾਂ ਕਿਹਾ ਕਿ ਜੇਕਰ ਪਰਿਵਾਰ ਵਿੱਚ ਕਿਸੇ ਨੂੰ ਬੁਖ਼ਾਰ, ਖ਼ਾਸੀ, ਜੁਕਾਮ ਤੇ ਸਾਹ ਲੈਣ ਵਿੱਚ ਦਿੱਕਤ ਹੈ ਤਾਂ ਉਸ ਕੋਲੋਂ ਦੂਰੀ ਬਣਾਈ ਜਾਵੇ। ਆਨ ਲਾਇਨ ਮੰਗਵਾਈਆਂ ਜ਼ਰੂਰੀ ਵਸਤੂਆਂ ਨੂੰ 4-5 ਦਿਨਾਂ ਤੱਕ ਸਾਈਡ ਤੇ ਰੱਖਣ ਤੋਂ ਬਾਅਦ ਹੀ ਵਰਤੋਂ ਵਿਚ ਲਿਆਂਦਾ ਜਾਵੇ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰੋ ਤਾਂ ਜੋ ਅਸੀਂ ਇਸ ਭਿਆਨਕ ਬਿਮਾਰੀ ਨੂੰ ਦੂਰ ਭਜਾ ਸਕੀਏ। ਉਨਾਂ ਇਹ ਵੀ ਕਿਹਾ ਕਿ ਜਦ ਤੱਕ ਕੋਈ ਐਮਰਜੈਂਸੀ ਨਾ ਹੋਵੇ ਤਾਂ ਆਪਣੇ ਘਰਾਂ ਤੋਂ ਬਾਹਰ ਨਾ ਨਿਕਲਿਆ ਜਾਵੇ।

---------------

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕਰਫਿਊ ਦੌਰਾਨ ਮਾਪਿਆਂ ਤੋਂ ਫੀਸ ਮੰਗਣ ਵਾਲੇ ਸੇਂਟ ਜ਼ੇਵੀਅਰ ਸਮੇਤ 38 ਸਕੂਲਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ

ਹਾਲਾਤ ਆਮ ਵਾਂਗ ਹੋਣ ’ਤੇ ਨਵੇਂ ਦਾਖ਼ਲਿਆਂ ਲਈ ਮਾਪਿਆਂ ਨੂੰ ਫੀਸ ਭਰਨ ਲਈ ਇੱਕ ਮਹੀਨੇ ਦਾ ਸਮਾਂ ਦੇਣ ਸਾਰੇ ਸਕੂਲ: ਸਿੱਖਿਆ ਮੰਤਰੀ ਵਿਜੈ ਇੰਦਰ ਸਿੰਗਲਾ

ਕੈਬਨਿਟ ਮੰਤਰੀ ਵੱਲੋਂ ਸਕੂਲਾਂ ਨੂੰ ਲਾਕਡਾਊਨ ਖ਼ਤਮ ਹੋਣ ਤੱਕ ਬੱਸਾਂ ਦਾ ਕਿਰਾਇਆ ਤੇ ਕਿਤਾਬਾਂ ਦਾ ਖ਼ਰਚਾ ਵੀ ਨਾ ਵਸੂਲਣ ਦੀ ਹਦਾਇਤ

ਬਠਿੰਡਾ, 8 ਅਪ੍ਰੈਲ:

ਪੰਜਾਬ ਸਰਕਾਰ ਦੀਆਂ ਹਦਾਇਤਾਂ ਦੇ ਉਲਟ ਕਰਫਿਊ ਦੌਰਾਨ ਵਿਦਿਆਰਥੀਆਂ ਦੇ ਮਾਪਿਆਂ ਤੋਂ ਫੀਸ ਮੰਗਣ ਵਾਲੇ ਸੇਂਟ ਜ਼ੇਵੀਅਰ ਸਕੂਲ ਬਠਿੰਡਾ ਸਮੇਤ ਸੂਬੇ ਦੇ 38 ਹੋਰ ਸਕੂਲਾਂ ਨੂੰ ਸਿੱਖਿਆ ਵਿਭਾਗ ਵੱਲੋਂ ਬੁੱਧਵਾਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਪੰਜਾਬ ਸ਼੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਜਵਾਬ ਦਾਖ਼ਲ ਕਰਨ ਲਈ 7 ਦਿਨ ਦਾ ਸਮਾਂ ਦਿੱਤਾ ਗਿਆ ਹੈ ਅਤੇ ਜੇਕਰ ਇਹ ਸਕੂਲ ਤਸੱਲੀਬਖ਼ਸ ਜਵਾਬ ਦੇਣ ਤੋਂ ਅਸਮਰੱਥ ਰਹੇ ਤਾਂ ਇਨਾਂ ਦੀ ਮਾਨਤਾ ਜਾਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਰੱਦ ਕਰ ਦਿੱਤੀ ਜਾਵੇਗੀ। ਕੈਬਨਿਟ ਮੰਤਰੀ ਨੇ ਹਦਾਇਤ ਕੀਤੀ ਕਿ ਲਾਕਡਾਊਨ ਖ਼ਤਮ ਹੋਣ ਤੱਕ ਸਕੂਲਾਂ ਵੱਲੋਂ ਅਗਲੇ ਅਕਾਦਮਿਕ ਸਾਲ ਲਈ ਬੱਸਾਂ ਦੇ ਕਿਰਾਏ ਅਤੇ ਕਿਤਾਬਾਂ ਦਾ ਖ਼ਰਚਾ ਨਾ ਵਸੂਲਿਆ ਜਾਵੇ। ਉਨਾਂ ਕਿਹਾ ਕਿ ਇਨਾਂ ਸਕੂਲਾਂ ਤੋਂ ਇਲਾਵਾ ਜੇਕਰ ਕੋਈ ਹੋਰ ਸਕੂਲ ਵੀ ਕਰਫਿਊ ਦੌਰਾਨ ਫੀਸ ਦੀ ਮੰਗ ਕਰਦਾ ਹੈ ਤਾਂ ਵਿਦਿਆਰਥੀ ਜਾਂ ਉਨਾਂ ਦੇ ਮਾਪੇ ਆਪਣੀ ਸ਼ਿਕਾਇਤ ਸਿੱਧਾ ਉਨਾਂ ਨੂੰ ਈ-ਮੇਲ, vijayindersingla@gmail.com ’ਤੇ ਭੇਜ ਸਕਦੇ ਹਨ।

ਸ਼੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਕੋਰੋਨਾਵਾਇਰਸ ਦੇ ਹਮਲੇ ਤੋਂ ਪੂਰੀ ਦੁਨੀਆਂ ਪ੍ਰਭਾਵਿਤ ਹੋਈ ਹੈ ਜਿਸ ਕਰਕੇ ਹਾਲਾਤ ਆਮ ਵਾਂਗ ਹੋਣ ਤੱਕ ਪੰਜਾਬ ਦੇ ਸਾਰੇ ਸਕੂਲਾਂ ਨੂੰ ਦਾਖ਼ਲਿਆਂ ਤੇ ਫੀਸਾਂ ਲੈਣ ਤੋਂ ਮਨਾਹੀ ਦੇ ਹੁਕਮ ਜਾਰੀ ਕੀਤੇ ਗਏ ਸਨ। ਉਨਾਂ ਕਿਹਾ ਕਿ ਪਰ ਕੁਝ ਪ੍ਰਾਈਵੇਟ ਸਕੂਲਾਂ ਵੱਲੋਂ ਇਨਾਂ ਹਦਾਇਤਾਂ ਦੀ ਉਲੰਘਣਾ ਕਰਕੇ ਵੱਖ-ਵੱਖ ਮਾਧਿਅਮਾਂ ਰਾਹੀਂ ਮਾਪਿਆਂ ਨੂੰ ਫੀਸ ਭਰਨ ਲਈ ਸੁਨੇਹੇ ਲਗਾਏ ਜਾ ਰਹੇ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ 23 ਮਾਰਚ 2020 ਨੂੰ ਸਿੱਖਿਆ ਵਿਭਾਗ ਵੱਲੋਂ ਸਾਰੀਆਂ ਗੈਰਸਰਕਾਰੀ ਵਿੱਦਿਅਕ ਸੰਸਥਾਵਾਂ ਨੂੰ ਹਦਾਇਤ ਕੀਤੀ ਗਈ ਸੀ ਕਿ ਸਾਲ 2020-21 ਲਈ ਦਾਖਲਿਆਂ ਦੀ ਅੰਤਿਮ ਮਿਤੀ ਨੂੰ ਦੁਬਾਰਾ ਮਿੱਥਿਆ ਜਾਵੇ ਅਤੇ ਹਾਲਾਤ ਸੁਧਰਨ ਉਪਰੰਤ ਫੀਸਾਂ ਫਰਨ ਲਈ ਇੱਕ ਮਹੀਨੇ ਦਾ ਸਮਾਂ ਜ਼ਰੂਰ ਉਪਲਬਧ ਕਰਵਾਇਆ ਜਾਵੇ। ਉਨਾਂ ਕਿਹਾ ਕਿ ਇਨਾਂ ਹੁਕਮਾਂ ਰਾਹੀਂ ਹੀ ਲੌਕਡਾਊਨ ਲਾਗੂ ਰਹਿਣ ਤੱਕ ਕੋਈ ਜ਼ੁਰਮਾਨਾ ਜਾਂ ਲੇਟ ਫੀਸ ਲਗਾਉਣ ਤੋਂ ਮਨਾਹੀ ਕੀਤੀ ਗਈ ਸੀ।

SHOW CAUSE NOTICES TO BATHINDA SCHOOL FOR DEMANDING FEES DURING LOCKDOWN

SCHOOLS SHOULD PROVIDE WINDOW PERIOD OF ATLEAST 30 DAYS AFTER SITUATION GETS NORMALISED: VIJAY INDER SINGLA

NO BOOKS AND TRANSPORTATION FEES SHOULD BE CHARGED DURING LOCKDOWN PERIOD: CABINET MINISTER

Bathinda, April 8:

Education department, on Wednesday, issued show cause notice to St. Xavier's School Bathinda for demanding fees during lockdown period by defying government directions. Punjab education minister Mr. Vijay Inder Singla has been personally ensuring strict action against the violating schools as he had floated his email id, vijayindersingla@gmail.com, to receive such complaints from the parents. Mr. Singla informed that till now 38 schools have been served notices for violating government orders.

The cabinet minister said that the schools should also not charge transportation fees and books charges from students for the next academic session till the lockdown period is over.

Mr. Singla said that the education department had issued an order dated March 23, 2020 in which all the private schools in the state have been asked to reschedule their admissions for 2020-21. He added that wide these orders, the schools were directed to provide window period of atleast 30 days for submission of fees after the situation gets normalised. He said that the schools have also been directed not to charge any late fees or fine from the students for this period. He added that after the issuance of these orders, the schools were regularly being warned of strict action for defying the direction through various means including press.

"Show cause notices have already been issued to the violators and they have been given a 7-day period to file their reply against the violation. If they failed to give satisfactory reply, we are going to cancel their affiliation or no objection certificate (NOC)," Mr Singla said.

The cabinet minister said that Coronavirus is a worldwide disaster and due to the lockdown, the parents are not able to pay the fees even through online banking options. He added that the spread of coronavirus has brought down all the businesses to a standstill and the private schools should also cooperate with the state government by following its directions.

----------------------

## ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕਰਫ਼ਿਊ ਦੌਰਾਨ ਖੇਤੀ ਕਾਰਜਾਂ ਲਈ ਕਿਸਾਨਾਂ ਨੂੰ ਛੋਟਾਂ

## ਖੇਤ ਜਾਣ ਦਾ ਸਮਾਂ ਸਵੇਰੇ 6 ਤੋਂ ਸਵੇਰੇ 9 ਵਜੇ ਤੱਕ ਅਤੇ ਖੇਤ ਤੋਂ ਵਾਪਸੀ ਦਾ ਸਮਾਂ 7 ਤੋਂ ਰਾਤ 9 ਵਜੇ ਤੱਕ

## 14 ਅਪ੍ਰੈਲ ਤੋਂ ਪਹਿਲਾਂ ਨਹੀਂ ਚੱਲਣਗੀਆਂ ਕੰਬਾਇਨਾਂ

## ਹੁਕਮਾਂ ਦੀ ਉਲੰਘਣਾ ਕਰਨ ਵਾਲੇ ਖਿਲਾਫ਼ ਹੋਵੇਗੀ ਸਖ਼ਤ ਕਾਰਵਾਈ

ਬਠਿੰਡਾ, 8 ਅਪ੍ਰੈਲ : ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ. ਸ੍ਰੀਨਿਵਾਸਨ ਨੇ ਕਰੋਨਾ ਦੇ ਮੱਦੇਨਜ਼ਰ ਜਨ ਸੁਰੱਖਿਆ ਲਈ ਲਗਾਏ ਕਰਫ਼ਿਊ ਵਿਚੋਂ ਕਿਸਾਨਾਂ ਨੂੰ ਖੇਤੀ ਕਾਰਜਾਂ ਲਈ ਕੁਝ ਛੋਟਾਂ ਦਾ ਹੁਕਮ ਜਾਰੀ ਕੀਤਾ ਹੈ ਤਾਂ ਜੋ ਕਿਸਾਨ ਹਾੜ੍ਹੀ ਦੀ ਵਾਢੀ ਤੇ ਸਾਉਣੀ ਦੀ ਬਿਜਾਈ ਦੇ ਸਾਰੇ ਜ਼ਰੂਰੀ ਕੰਮ ਕਰ ਸਕਣ ਅਤੇ ਇਸ ਦੌਰਾਨ ਸਮਾਜਿਕ ਦੂਰੀ ਵੀ ਬਣੀ ਰਹੇ ਤਾਂ ਜੋ ਕਰੋਨਾ ਵਾਇਰਸ ਨਾਲ ਫੈਲਣ ਵਾਲੀ ਕੋਵਿਡ-19 ਬਿਮਾਰੀ ਦੇ ਪਸਾਰ ਨੂੰ ਰੋਕਿਆ ਜਾ ਸਕੇ।

ਜ਼ਿਲਾ ਮੈਜਿਸਟ੍ਰੇਟ ਦੇ ਹੁਕਮਾਂ ਅਨੁਸਾਰ ਕਿਸਾਨ ਖੇਤੀ ਕਾਰਜਾਂ ਲਈ ਸਵੇਰੇ 6 ਤੋਂ ਸਵੇਰੇ 9 ਵਜੇ ਤੱਕ ਘਰ ਤੋਂ ਖੇਤ ਅਤੇ ਸ਼ਾਮ ਨੂੰ 7 ਤੋਂ ਰਾਤ 9 ਵਜੇ ਤੱਕ ਖੇਤ ਤੋਂ ਘਰ ਆ ਸਕਣਗੇ। ਕਿਸਾਨ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਖੇਤਾਂ ਵਿਚ ਹੀ ਰਹਿਣਗੇ ਅਤੇ ਖੇਤੀ ਨਾਲ ਸਬੰਧਤ ਕਾਰਜ ਹੀ ਕਰਨਗੇ। ਇਸ ਸਮੇਂ ਦੌਰਾਨ ਉਨਾਂ ਨੂੰ ਕਿਸੇ ਹੋਰ ਗਤੀਵਿਧੀ ਜਾਂ ਆਵਾਜਾਈ ਦੀ ਆਗਿਆ ਨਹੀਂ ਹੋਵੇਗੀ। ਕਿਸਾਨਾਂ ਨੂੰ ਫ਼ਸਲ ਦੀ ਕਟਾਈ, ਬਿਜਾਈ ਅਤੇ ਢੋਆ-ਢੁਆਈ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਜਿਵੇਂ ਕਿ ਟਰੈਕਟਰ, ਟਰਾਲੀ, ਕੰਬਾਇਨ, ਤੂੜੀ ਵਾਲੀ ਮਸ਼ੀਨ ਆਦਿ ਦੀ ਆਵਾਜਾਈ 'ਤੇ ਮੁਕੰਮਲ ਛੋਟ ਹੋਵੇਗੀ ਪ੍ਰੰਤੂ ਕੰਬਾਇਨ ਦੇ ਖੇਤ ਵਿਚ ਚੱਲਣ ਦਾ ਸਮਾਂ ਸਵੇਰੇ 8 ਵਜੇ ਤੋਂ ਸ਼ਾਮ 7 ਵਜੇ ਤੱਕ ਹੀ ਹੋਵੇਗਾ। ਕੰਬਾਇਨਾਂ 14 ਅਪ੍ਰੈਲ ਤੋਂ ਪਹਿਲਾਂ ਨਹੀਂ ਚੱਲਣਗੀਆਂ ਸਬੰਧਤ ਮਸ਼ੀਨਰੀ 'ਤੇ 4 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣੇ ਚਾਹੀਦੇ ਤੇ ਆਪਸੀ ਦੂਰੀ 2 ਮੀਟਰ ਦੀ ਬਣਾਈ ਰੱਖਣਗੇ।

ਬੀਜ ਖ਼ਾਦ ਅਤੇ ਕੀਟਨਾਸ਼ਕ ਦਵਾਈਆਂ ਵਾਲੀਆਂ ਦੁਕਾਨਾਂ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਸਮਾਨ ਦੀ ਗਾਹਕਾਂ ਤੱਕ ਘਰ ਘਰ ਸਪਲਾਈ ਕਰਨਗੀਆਂ। ਖ਼ਾਦ ਬੀਜ ਅਤੇ ਦਵਾਈਆਂ ਨਾਲ ਸਬੰਧਤ ਕੰਪਨੀਆਂ ਆਪਣੇ ਉਤਪਾਦ ਜ਼ਿਲੇ ਅਤੇ ਜ਼ਿਲੇ ਤੋਂ ਬਾਹਰ ਡਿਸਟ੍ਰੀਬਿਊਟਰਾਂ ਨੂੰ ਸਵੇਰੇ 5 ਤੋਂ 8 ਵਜੇ ਤੱਕ ਹੀ ਸਪਲਾਈ ਕਰਨਗੀਆਂ। ਕਿਸਾਨਾਂ ਦੇ ਟਰੈਕਟਰਾਂ ਲਈ ਵਰਕਸ਼ਾਪ ਅਤੇ ਏਜੰਸੀਆਂ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਹੀ ਸਬੰਧਤ ਕਿਸਾਨ ਨੂੰ ਸੇਵਾਵਾਂ ਦੇਣਗੀਆਂ।

ਸਮੂਹ ਕਿਸਾਨਾਂ ਤੇ ਖੇਤ ਮਜ਼ਦੂਰਾਂ ਵਲੋਂ ਜੇਕਰ ਖੇਤਾਂ ਵਿਚ ਹੱਥੀ ਕਟਾਈ, ਬਿਜਾਈ ਆਦਿ ਦਾ ਕੋਈ ਕੰਮ ਕੀਤਾ ਜਾਵੇਗਾ ਤਾਂ ਉਸ ਸਮੇਂ 10 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣਗੇ ਅਤੇ ਆਪਸੀ ਦੂਰੀ 2 ਮੀਟਰ ਦੀ ਬਣਾ ਕੇ ਰੱਖਣਗੇ ਅਤੇ ਮਾਸਕ ਅਤੇ ਸੈਨੀਟੇਜ਼ਰ ਦੀ ਵਰਤੋਂ ਕਰਨਗੇ। ਉਨਾਂ ਇਹ ਵੀ ਕਿਹਾ ਕਿ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

-----------

## ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕਿਸਾਨਾਂ ਦੀ ਜ਼ਰੂਰਤ ਅਨੁਸਾਰ ਬੀ.ਟੀ ਨਰਮੇ ਦੇ ਬੀਜ਼ਾਂ ਦੇ ਸਾਰੇ ਪ੍ਰਬੰਧ ਮੁਕੰਮਲ-ਡੀ.ਸੀ

ਬਠਿੰਡਾ, 8 ਅਪ੍ਰੈਲ : ਜ਼ਿਲੇ ਦੇ ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ੍ਰੀਨਿਵਾਸਨ ਨੇ ਦੱਸਿਆ ਹੈ ਕਿ ਬਠਿੰਡਾ ਜ਼ਿਲੇ ਵਿਚ ਆਉਣ ਵਾਲੀ ਸਾਉਣੀ ਦੀ ਫ਼ਸਲ ਲਈ ਨਰਮੇ ਦੇ ਬੀਜ਼ ਦੀ ਵਿਵਸਥਾ ਜ਼ਰੂਰਤ ਅਨੁਸਾਰ ਹੋ ਗਈ ਹੈ। ਉਨਾਂ ਨੇ ਦੱਸਿਆ ਕਿ ਇਸ ਸਬੰਧੀ ਬੀਜ਼ ਕੰਪਨੀਆਂ ਨੂੰ ਕਰਫ਼ਿਊ ਦੇ ਮੱਦੇਨਜ਼ਰ ਲੋੜੀਂਦੀਆਂ ਛੋਟਾਂ ਦਿੱਤੀਆਂ ਗਈਆਂ ਹਨ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਘਬਰਾਹਟ ਵਿਚ ਨਾ ਆਉਣ ਅਤੇ ਜ਼ਿਲੇ ਦੀ ਜ਼ਰੂਰਤ ਅਨੁਸਾਰ ਬੀ.ਟੀ ਨਰਮੇ ਦੇ ਬੀਜ਼ਾਂ ਦੇ ਸਾਰੇ ਪ੍ਰਬੰਧ ਕੀਤੇ ਜਾ ਰਹੇ ਹਨ। ਰਾਸ਼ੀ ਕੰਪਨੀ ਸਮੇਤ ਹੋਰ ਨਾਮੀ ਕੰਪਨੀਆਂ ਵਲੋਂ ਜ਼ਿਲੇ ਵਿਚ ਬੀਜ਼ ਭੇਜ ਦਿੱਤਾ ਗਿਆ ਹੈ।

ਇਸ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਜ਼ਿਲੇ ਵਿਚ ਇਸ ਤੋਂ ਪਹਿਲਾਂ 3 ਲੱਖ 56 ਹਜ਼ਾਰ ਪੈਕਟ ਬੀਜ਼ ਸਿਰਫ਼ ਰਾਸ਼ੀ ਕੰਪਨੀ ਦਾ ਹੀ ਪਹੁੰਚ ਚੁੱਕਾ ਹੈ ਅਤੇ ਇਸੇ ਕੰਪਨੀ ਦਾ 4 ਲੱਖ ਪੈਕਟ ਹੋਰ ਭਲਕ ਤੱਕ ਆ ਜਾਵੇਗਾ ਜਦਕਿ ਜ਼ਿਲੇ ਵਿਚ 7 ਲੱਖ ਪੈਕਟਾਂ ਦੀ ਹੀ ਜ਼ਰੂਰਤ ਹੈ ਇਸ ਤੋਂ ਬਿਨਾਂ ਦੂਜੀਆਂ ਨਾਮੀ ਕੰਪਨੀਆਂ ਦੇ ਸਟਾਕ ਇਸ ਤੋਂ ਵੱਖ਼ਰੇ ਹਨ। ਉਨਾਂ ਕਿਹਾ ਕਿ ਬੀਜ਼ ਗੁਦਾਮਾਂ ਤੋਂ ਡਿਸਟ੍ਰੀਬਿਊਟਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ ਅਤੇ ਇਸ ਦੀ ਸਪਲਾਈ ਹੁਣ ਡੀਲਰਾਂ ਤੱਕ ਹੋ ਰਹੀ ਹੈ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਰਮਾ ਇੱਕ ਘੱਟ ਪਾਣੀ ਨਾਲ ਪੱਕਣ ਵਾਲੀ ਫ਼ਸਲ ਹੈ ਅਤੇ ਇਸ ਨੂੰ ਨਕਦੀ ਫ਼ਸਲ ਵੀ ਕਿਹਾ ਜਾਂਦਾ ਹੈ। ਇਸ ਲਈ ਕਿਸਾਨ ਇਸ ਦੀ ਕਾਸ਼ਤ ਜ਼ਿਆਦਾ ਤੋਂ ਜ਼ਿਆਦਾ ਕਰਨ ਤਾਂ ਜੋ ਫ਼ਸਲੀ ਵਿਭਿੰਨਤਾ ਪ੍ਰੋਗਰਾਮ ਨੂੰ ਪ੍ਰਭਾਵੀ ਤਰੀਕੇ ਨਾਲ ਲਾਗੂ ਕੀਤਾ ਜਾ ਸਕੇ।